# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-04-2024**

- ਕਾਂਗਰਸ ਪਾਰਟੀ ਦੇ ਸਾਬਕਾ ਐੱਮ.ਪੀ ਮਰਹੂਮ ਚੌਧਰੀ ਸੰਤੋਖ ਸਿੰਘ ਦੀ ਪਤਨੀ ਕਰਮਜੀਤ ਕੌਰ ਚੌਧਰੀ ਤੇ ਕਾਂਗਰਸ ਪਾਰਟੀ ਦੇ ਕੌਮੀ ਸਕੱਤਰ ਤਜਿੰਦਰ ਸਿੰਘ ਬਿੱਟੂ, BJP ਵਿੱਚ ਸ਼ਾਮਲ ਹੋਏ।
- ਪੰਜਾਬ ਵਿਚ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਸਵੀਪ ਗਤੀਵਿਧੀਆਂ ਜ਼ੋਰਾਂ 'ਤੇ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ, ਭਗਤ ਧੰਨਾ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵ ਨਾਲ ਮਨਾਇਆ ਗਿਆ।
- ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਤਾਪਮਾਨ ਵਧਣ ਦੇ ਮੱਦੇਨਜ਼ਰ ਲੂ ਤੋਂ ਬਚਣ ਵਾਸਤੇ, ਸਾਵਧਾਨੀ ਵਰਤਣ ਲਈ ਆਖਿਆ ਏ।

---------------------------------------------------------------

ਪੰਜਾਬ ਵਿੱਚ ਕਾਂਗਰਸ ਪਾਰਟੀ ਨੂੰ ਅੱਜ ਉਸ ਵੇਲੇ ਵੱਡਾ ਝਟਕਾ ਲੱਗਿਆ, ਜਦੋਂ ਸਾਬਕਾ ਐੱਮ.ਪੀ ਮਰਹੂਮ ਚੌਧਰੀ ਸੰਤੋਖ ਸਿੰਘ ਦੀ ਪਤਨੀ ਕਰਮਜੀਤ ਕੌਰ ਚੌਧਰੀ ਤੇ ਕਾਂਗਰਸ ਪਾਰਟੀ ਦੇ ਕੌਮੀ ਸਕੱਤਰ ਤਜਿੰਦਰ ਸਿੰਘ ਬਿੱਟੂ ਭਾਰਤੀ ਜਨਤਾ ਪਾਰਟੀ  ਵਿੱਚ ਸ਼ਾਮਲ ਹੋ ਗਏ। ਨਵੀਂ ਦਿੱਲੀ ਵਿਖੇ ਪਾਰਟੀ ਹੈਡ-ਕੁਆਰਟਰ ਤੇ ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਤੇ ਪਾਰਟੀ ਦੇ ਜਨਰਲ ਸਕੱਤਰ ਵਿਨੋਦ ਤਾਵੜੇ ਨੇ, ਦੋਵਾਂ ਆਗੂਆਂ ਦਾ ਸਵਾਗਤ ਕੀਤਾ। ਕਰਮਜੀਤ ਕੌਰ ਚੌਧਰੀ, ਜਲੰਧਰ ਲੋਕ ਸਭਾ ਹਲਕੇ ਤੋਂ ਕਾਂਗਰਸ ਟਿਕਟ ਨਾ ਮਿਲਣ ਕਾਰਨ ਨਾਰਾਜ਼ ਸਨ। ਉਨ੍ਹਾਂ ਟਿਕਟ ਹਾਸਲ ਕਰਨ ਲਈ ਕਾਫੀ ਯਤਨ ਵੀ ਕੀਤੇ ਸਨ। ਓਧਰ ਕਾਂਗਰਸ ਪਾਰਟੀ ਦੇ ਸਕੱਤਰ ਤੇ ਹਿਮਾਚਲ ਪ੍ਰਦੇਸ਼ ਮਾਮਲਿਆਂ ਦੇ ਸਹਿ-ਇੰਚਾਰਜ ਤਜਿੰਦਰ ਸਿੰਘ ਬਿੱਟੂ ਨੇ ਅੱਜ ਸਵੇਰੇ ਹੀ, ਕਾਂਗਰਸ ਪਾਰਟੀ ਤੋਂ ਅਸਤੀਫਾ ਦੇਣ ਦਾ ਐਲਾਨ ਕੀਤਾ ਸੀ ਅਤੇ ਦੁਪਹਿਰ ਵੇਲੇ ਉਹ BJP ਵਿੱਚ ਸ਼ਾਮਲ ਹੋ ਗਏ। ਤਜਿੰਦਰ ਬਿੱਟੂ ਗਾਂਧੀ ਪਰਿਵਾਰ ਦੇ ਬੇਹੱਦ ਕਰੀਬੀ ਸਨ। ਉਹ ਪਿਛਲੇ ਕੁਝ ਸਮੇਂ ਤੋਂ ਕਾਂਗਰਸ 'ਚ ਕਿਤੇ ਨਜ਼ਰ ਨਹੀਂ ਆ ਰਹੇ ਸਨ। ਮੰਨਿਆ ਜਾ ਰਿਹਾ ਏ, ਕਿ ਇਸ ਅਣਦੇਖੀ

ਕਾਰਨ ਹੀ ਉਨ੍ਹਾਂ BJP 'ਚ ਸ਼ਾਮਲ ਹੋਣ ਦਾ ਫੈਸਲਾ ਲਿਆ ਏ। ਜਲੰਧਰ ਤੋਂ BJP ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ, ਪਾਰਟੀ ਦੇ ਸੀਨੀਅਰ ਆਗੂ ਸੁਭਾਸ਼ ਸ਼ਰਮਾ, ਕੌਮੀ ਬੁਲਾਰੇ ਜੈਵੀਰ ਸਿੰਘ ਸ਼ੇਰਗਿਲ ਅਤੇ ਸ਼ੀਤਲ ਆਂਗੁਰਾਲ ਵੀ ਇਸ ਮੌਕੇ ਤੇ ਮੌਜੂਦ ਰਹੇ । ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਤਜਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਕਾਂਗਰਸ ਪਾਰਟੀ ਅੱਜ ਆਪਣੇ ਰਾਹ ਤੋਂ ਭਟਕ ਗਈ ਏ ਅਤੇ BJP ਹੀ ਪੰਜਾਬ ਤੇ ਦੇਸ਼ ਦਾ ਸਰਵ-ਪੱਖੀ ਵਿਕਾਸ ਕਰਵਾ ਸਕਦੀ ਏ, ਇਸ ਲਈ ਉਹ BJP ਵਿੱਚ ਸ਼ਾਮਲ ਹੋਏ ਨੇ।

--------------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਮੀ ਬੁਲਾਰੇ ਆਰ ਪੀ ਸਿੰਘ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਜੇਲ੍ਹ ਵਿੱਚ ਉਨਾਂ ਨੂੰ ਮਿਲਦੇ ਭੋਜਨ ਤੇ ਗਲਤ ਬਿਆਨਬਾਜ਼ੀ ਕਰਨ ਦਾ ਦੋਸ਼ ਲਾਇਆ ਏ। ਜਲੰਧਰ ਵਿੱਚ ਅੱਜ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਜਮਾਨਤ ਹਾਸਲ ਕਰਨ ਦੇ ਮਕਸਦ ਨਾਲ ਝੂਠ ਦਾ ਸਹਾਰਾ ਲੈ ਰਹੇ ਨੇ । ਉਨ੍ਹਾਂ ਕਿਹਾ ਕਿ ਕੇਜਰੀਵਾਲ ਪਾਰਟੀ ਵਿੱਚ ਬਗਾਵਤ ਦੇ ਡਰ ਕਾਰਨ ਹੀ ਮੁੱਖ ਮੰਤਰੀ ਦੇ ਉਹਦੇ ਤੋਂ ਅਸਤੀਫਾ ਨਹੀਂ

ਦੇ ਰਹੇ ਨੇ। ਆਰ ਪੀ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਵੀ ਵੱਡਾ ਸ਼ਰਾਬ ਘੋਟਾਲਾ ਹੋਇਆ ਏ ਅਤੇ ਉਸ ਦੀ ਜਾਂਚ ਚਲ ਰਹੀ ਏ। ਉਨ੍ਹਾਂ ਕਿਹਾ ਕਿ ਇਸ ਦੀ ਸੱਚਾਈ ਛੇਤੀ ਹੀ ਲੋਕਾਂ ਦੇ ਸਾਹਮਣੇ ਆ ਜਾਵੇਗੀ।

---------------------------------------------------------------

ਪੰਜਾਬ ਭਰ ਵਿੱਚ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਸਵੀਪ ਗਤੀਵਿਧੀਆਂ ਜ਼ੋਰਾਂ 'ਤੇ ਨੇ । ਫਰੀਦਕੋਟ ਦੇ ਜ਼ਿਲ੍ਹਾ ਚੋਣ ਅਫ਼ਸਰ ਵਿਨੀਤ ਕੁਮਾਰ ਦੀਆਂ ਹਦਾਇਤਾਂ ਅਨੁਸਾਰ ਜਿਲ੍ਹੇ ਵਿਚ ਸਵੀਪ ਗਤੀਵਿਧੀਆਂ ਵਿਚ ਹੋਰ ਤੇਜੀ ਲਿਆਉਣ ਲਈ  ਇਕ ਰੋਜਾ ਵੋਟਰ ਰਜਿਸਟ੍ਰੇਸ਼ਨ ਕੈਂਪ ਬਾਬਾ ਫਰੀਦ ਲਾਅ ਕਾਲਜ,  ਵਿਖੇ ਲਗਾਇਆ ਗਿਆ। ਕਾਲਜ ਦੇ ਵਿਦਿਆਰਥੀਆਂ  ਨੂੰ ਵੋਟਰ ਹੈਲਪ ਲਾਈਨ ਐਪ ਦੀ ਜਾਣਕਾਰੀ ਦਿੰਦਿਆਂ  ਸੰਜੀਵ ਕੁਮਾਰ ਅਰੋੜਾ ਨੇ ਦੱਸਿਆ ਕਿ ਵੋਟਰ ਹੈਲਪ ਲਾਈਨ ਐਪ ਤੇ ਰਜਿਸਟਰ ਕਰਨ ਤੋਂ ਬਾਅਦ ਫਾਰਮ ਨੰਬਰ 6 ਲੜੀ, ਵੋਟ ਲਈ ਤੇ ਬਾਕੀ ਫਾਰਮਾਂ ਬਾਰੇ ਵਿਦਿਆਰਥੀਆਂ ਨੂੰ ਸਮਝਾਇਆ ਗਿਆ ਅਤੇ  ਵੱਧ ਤੋਂ ਵੱਧ ਵੋਟ ਦਾ ਇਸਤੇਮਾਲ ਕਰਨ ਬਾਰੇ ਜਾਗਰੂਕ ਕੀਤਾ ਗਿਆ।

---

ਬਰਨਾਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੌਲਾ ਵਿਖੇ ਵੀ, ਸਵੀਪ ਗਤੀਵਿਧੀਆਂ ਸਬੰਧੀ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਅਨਿਲ ਕੁਮਾਰ ਨੇ ਰੈਲੀ ਨੂੰ ਰਵਾਨਾ ਕਰਨ ਮੌਕੇ ਸੰਬੋਧਨ ਕਰਦਿਆਂ ਵਿਦਿਆਰਥੀਆਂ ਨੂੰ ਲੋਕਤੰਤਰੀ ਪ੍ਰਣਾਲੀ ਵਿੱਚ ਵੋਟ ਦੀ ਅਹਿਮੀਅਤ ਤੋਂ ਜਾਣੂ ਕਰਵਾਇਆ। ਉਹਨਾਂ ਨੇ ਕਿਹਾ ਕਿ ਬਿਨ੍ਹਾਂ ਕਿਸੇ ਲਾਲਚ, ਡਰ, ਜਾਤ ਦੇ ਭੇਦਭਾਵ ਤੋਂ ਉੱਪਰ ਉੱਠ ਕੇ, ਆਪਣੀ ਸਮਝ ਅਨੁਸਾਰ ਵੋਟ ਦੀ ਵਰਤੋਂ ਕਰਨੀ ਚਾਹੀਦੀ ਏ।

---

ਓਧਰ ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਿਕ ਪ੍ਰਤਾਪ ਨਗਰ ਦੀ ਬਚਿੱਤਰ ਸਿੰਘ ਧਰਮਸ਼ਾਲਾ ਵਿਖੇ ਸਵੀਪ ਗਤੀਵਿਧੀਆਂ ਤਹਿਤ ਵਿਸ਼ੇਸ਼ ਕੈਂਪ ਆਯੋਜਿਤ ਕੀਤਾ ਗਿਆ। ਕੈਂਪ ਦੌਰਾਨ ਬਠਿੰਡਾ-ਸ਼ਹਿਰੀ- ਸਵੀਪ ਟੀਮ ਮੈਂਬਰਾਂ ਵੱਲੋ, ਵੋਟ ਦੀ ਵਰਤੋਂ ਕਰਕੇ ਭਾਰਤੀ ਲੋਕਤੰਤਰ ਨੂੰ ਮਜਬੂਤ ਕਰਨ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਵੋਟਰਾਂ ਨੂੰ ਉਤਸਾਹਿਤ ਕਰਦਿਆਂ

ਵੋਟ ਦੀ ਮੱਹਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਇਸ ਦੌਰਾਨ ਇਕੱਤਰ ਵੋਟਰਾਂ ਨੂੰ ਭਾਰਤੀ ਚੋਣ ਕਮਿਸ਼ਨ ਦੁਆਰਾ ਜਾਰੀ ਕੀਤੀਆਂ ਗਈਆਂ ਵੋਟਿੰਗ, ਸਕਸ਼ਮ ਐਪ, ਵੋਟਰ ਹੈਲਪ ਲਾਈਨ, ਸੀ-ਵੀਜ਼ਲ ਤੇ ਕੇ.ਵਾਈ.ਸੀ ਐਪਸ ਸਬੰਧੀ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।

--------------------------------------------------------

ਏਧਰ ਤਰਨਤਾਰਨ ਦੇ ਜ਼ਿਲਾ  ਚੋਣ ਅਫਸਰ  ਸੰਦੀਪ ਕੁਮਾਰ ਵੱਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਤਹਿਤ ਕਸਬਾ ਪੱਟੀ ਸਥਿਤ ਸੈਂਟਰਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਵੀਪ ਗਤੀਵਿਧੀਆਂ ਤਹਿਤ ਮਹਿਲਾਵਾਂ ਦੀ ਵੋਟ  ਸਬੰਧੀ ਅਹਿਮ ਭੂਮਿਕਾ ਬਾਰੇ ਜਾਗਰੂਕ ਕੀਤਾ ਗਿਆ।  ਪੱਟੀ ਦੇ ਸਹਾਇਕ ਰਿਟਰਨਿੰਗ ਅਫਸਰ ਕਿਰਪਾਲ ਵੀਰ ਸਿੰਘ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ  ਲੋਕ ਸਭਾ ਚੋਣਾ-2024 ਦੌਰਾਨ 70 ਫੀਸਦੀ ਦੇ ਪਾਰ  ਦਾ ਟੀਚਾ ਮਿੱਥਿਆ ਗਿਆ ਅਤੇ ਇਸੇ ਤਹਿਤ ਹਲਕਾ ਖਡੂਰ ਸਾਹਿਬ ਦੇ ਵੱਖ ਵੱਖ ਪਿੰਡਾਂ ਕਸਬਿਆਂ ਦੇ ਵਿੱਚ ਜ਼ਿਲਾ ਚੋਣ ਦਫਤਰ ਵੱਲੋਂ ਸਵੀਪ ਤਹਿਤ ਵੱਖ-ਵੱਖ ਜਾਗਰੂਕਤਾ

ਪ੍ਰੋਗਰਾਮ ਉਲੀਕੇ ਗਏ ਨੇ। ਉਨਾਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਔਰਤਾਂ ਦੀ ਸ਼ਮੂਲੀਅਤ ਬਹੁਤ ਹੀ ਅਹਿਮੀਅਤ ਰੱਖਦੀ ਏ ਅਤੇ ਉਨਾਂ ਵੱਲੋਂ ਕਰਵਾਏ ਗਏ ਜਾਗਰੂਕਤਾ ਪ੍ਰੋਗਰਾਮ ਤਹਿਤ ਮਹਿਲਾਵਾਂ ਨੂੰ ਚੋਣਾਂ ਵਿੱਚ ਉਨਾਂ ਦੀ ਭਾਗੀਦਾਰੀ ਬਾਰੇ ਜਾਣੂ ਕਰਵਾਇਆ ਜਾ ਰਿਹਾ ਏ। ਇਸੇ ਸਿਲਸਿਲੇ ਵਿਚ ਬੀ.ਡੀ.ਪੀ.ਓ ਗੰਡੀਵਿੰਡ ਦੀ ਰਹਿਨੁਮਾਈ ਹੇਠ ਸਰਕਾਰੀ ਮਿਡਲ ਸਕੂਲ ਠੱਠਾ ਵਿਖੇ ਸਵੀਪ ਗਤੀਵਿਧੀ ਤਹਿਤ ਵੋਟਰ ਜਾਗਰੂਕਤਾ ਰੈਲੀ ਕੱਢੀ ਗਈ ਅਤੇ ਇਸ ਵਾਰ ਵੋਟਿੰਗ 70 ਫ਼ੀਸਦ ਤੋਂ ਪਾਰ ਦਾ ਨਾਰਾ ਦਿੱਤਾ ਗਿਆ। ਇਸ ਰੈਲੀ ਵਿੱਚ ਸਮੂਹ ਨਗਰ ਵਾਸੀਆਂ ਨੂੰ ਵੋਟ ਪਾਉਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਵੋਟ ਪਾਉਣ ਦੀ ਮਹੱਤਤਾ ਬਾਰੇ ਦੱਸਿਆ ਗਿਆ।

---------------------------------------------------

ਆਕਾਸ਼ਵਾਣੀ ਬਠਿੰਡਾ ਅੱਜ ਆਪਣਾ 33ਵਾਂ ਸਥਾਪਨਾ ਦਿਵਸ ਮਨਾ ਰਿਹਾ ਏ। ਅੱਜ ਹੀ ਦੇ ਦਿਨ ਸਾਲ 1991 ਨੂੰ ਬਠਿੰਡਾ ਰੇਡੀਓ ਸਟੇਸ਼ਨ ਹੋਂਦ ਵਿਚ ਆਇਆ ਸੀ। ਬਦਲਦੇ ਸਮੇਂ ਵਿੱਚ ਮੋਬਾਈਲ ਹੋਣ ਦੇ ਬਾਵਜੂਦ ਰੇਡੀਓ ਪ੍ਰੇਮੀ ਇਸਤੋਂ ਦੂਰ ਨਹੀਂ ਹੋਏ। ਲੋਕ ਹੁਣ ਆਪਣੇ

ਮੋਬਾਈਲ ਫੋਨਾਂ ਅਤੇ ਕਾਰਾਂ ਵਿੱਚ ਵੀ ਰੇਡੀਓ ਸੁਣਦੇ ਨੇ। ਸਟੇਸ਼ਨ ਡਾਇਰੈਕਟਰ ਰਾਜੀਵ ਅਰੋੜਾ ਦੀ ਅਗਵਾਈ 'ਚ, ਸਮੂਹ ਰੇਡੀਓ ਸਟਾਫ ਅਤੇ ਟੀਮ ਵਲੋਂ ਸਖਤ ਮਿਹਨਤ ਨਾਲ ਵੱਖ ਵੱਖ ਤਰਾਂ ਦੇ ਪ੍ਰੋਗਰਾਮ ਪੇਸ਼ ਕੀਤੇ ਜਾਂਦੇ ਨੇ। ਆਕਾਸ਼ਵਾਣੀ ਬਠਿੰਡਾ ਵਲੋਂ ਨੌਜਵਾਨਾਂ, ਸੈਨਿਕਾਂ, ਔਰਤਾਂ,ਬੱਚਿਆਂ ਅਤੇ ਕਿਸਾਨ ਵੀਰਾਂ ਲਈ ਪੇਸ਼ ਕੀਤੇ ਜਾਂਦੇ ਵੱਖੋ-ਵੱਖ ਪ੍ਰੋਗਰਾਮਾਂ ਨੂੰ ਬਹੁਤ ਵਧੀਆ ਹੁੰਗਾਰਾ ਮਿਲ ਰਿਹੈ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ, ਭਗਤ ਧੰਨਾ ਜੀ ਦਾ ਜਨਮ ਦਿਹਾੜਾ ਸ਼ਰਧਾ-ਭਾਵ ਨਾਲ ਮਨਾਇਆ ਗਿਆ। ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਜੀਤ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਭਾਈ ਵਿਸ਼ਾਲ ਸਿੰਘ ਨੇ ਸੰਗਤਾਂ ਨਾਲ ਭਗਤ ਧੰਨਾ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਉਂਦਿਆਂ ਕਿਹਾ ਕਿ ਉਨ੍ਹਾਂ ਦਾ ਜੀਵਨ ਨਾਮ ਜਪਣ, ਸੱਚੀ ਕਿਰਤ ਅਤੇ ਪਰਮਾਤਮਾ ’ਤੇ ਭਰੋਸੇ ਦੀ ਪ੍ਰੇਰਣਾ ਦਿੰਦਾ ਏ।

ਉਨ੍ਹਾਂ ਸੰਗਤਾਂ ਨੂੰ ਭਗਤ ਧੰਨਾ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਜੀਵਨ ਇਤਿਹਾਸ ਤੋਂ ਸੇਧ ਲੈਣ ਦੀ ਅਪੀਲ ਕੀਤੀ। ਓਧਰ ਤੀਜੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ, ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਦਾ ਮੁੱਖ ਦਰਬਾਰ ਮੀਨਾਕਾਰੀ ਤੇ ਸੁੰਦਰੀਕਰਨ ਦੀ ਸੇਵਾ ਮੁਕੰਮਲ ਹੋਣ ’ਤੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸੰਗਤ ਅਰਪਣ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਤਿਆਰ ਕੀਤੇ ਗਏ ਨਵੇਂ ਪ੍ਰਬੰਧਕੀ ਬਲਾਕ ਅਤੇ ਮੀਟਿੰਗ ਹਾਲ ਦਾ ਵੀ ਉਦਘਾਟਨ ਕੀਤਾ ਗਿਆ। ਸ਼੍ਰੋਮਣੀ ਕਮੇਟੀ ਵੱਲੋਂ ਇਹ ਸੇਵਾ ਕਾਰਸੇਵਾ ਬਾਬਾ ਸੁਬੇਗ ਸਿੰਘ ਸ੍ਰੀ ਗੋਇੰਦਵਾਲ ਸਾਹਿਬ ਵਾਲਿਆਂ ਪਾਸੋਂ ਕਰਵਾਈ ਗਈ ਏ।

---------------------------------------------------------------

ਹੁਸ਼ਿਆਰਪੁਰ ਦੇ ਜ਼ਿਲਾ ਤੇ ਸੈਸ਼ਜ ਜੱਜ ਦਿਲਬਾਗ ਸਿੰਘ ਜੌਹਲ ਨੇ ਕੱਲ ਕੇਦਰੀ ਜੇਲ੍ਹ, ਹੁਸ਼ਿਆਰਪੁਰ ਦਾ ਦੌਰਾ ਕੀਤਾ। ਇਸ ਮੌਕੇ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਅਪਰਾਜਿਤਾ ਜੋਸ਼ੀ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ। ਉਨ੍ਹਾਂ ਔਰਤਾਂ ਦੀ ਬੈਰਕ ਵਿਚ ਜਾ ਕੇ ਉਨ੍ਹਾਂ ਦੀਆਂ ਮੁਸ਼ਕਿਲਾ ਸੁਣੀਆਂ ਅਤੇ ਨਾਲ ਹੀ ਜੇਲ੍ਹ ਵਿਚ ਬੰਦ ਹਵਾਲਾਤੀਆਂ,

ਕੈਦੀਆਂ ਨੂੰ ਅੰਡਰ ਟਰਾਇਲ ਸਮੀਖਿਆ ਕਮੇਟੀਆਂ ਦੀਆਂ ਤਿਮਾਹੀ ਮੀਟਿੰਗਾਂ ਬਾਰੇ ਵਿਸਥਾਰ-ਪੂ੍ਰਵਕ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਮਾਨਸਿਕ ਰੋਗੀ  ਜਾਂ ਵਿਸ਼ੇਸ਼ ਡਾਕਟਰੀ ਇਲਾਜ ਦੀ ਲੋੜ ਵਾਲੇ ਦੋਸ਼ੀ ਨੂੰ ਅੰਡਰ ਟਰਾਇਲ ਸਮੀਖਿਆ ਕਮੇਟੀਆਂ ਵੱਲੋਂ ਜ਼ਮਾਨਤ ’ਤੇ ਜੇਲ੍ਹ ਤੋ ਬਾਹਰ ਭੇਜਣ ਲਈ ਮਾਮਲੇ ਨਾਲ ਸਬੰਧਤ ਅਦਾਲਤਾਂ ਨੂੰ ਸਿਫਾਰਸ਼ ਕਰਕੇ ਭੇਜੀ ਜਾਵੇਗੀ ।

---------------------------------------------------------

ਮੌਸਮ ਵਿਭਾਗ ਨੇ ਆਉਣ ਵਾਲੇ ਦਿਨਾਂ ਵਿੱਚ ਤਾਪਮਾਨ ਦੇ ਵਧਣ ਦਾ ਖ਼ਦਸ਼ਾ ਪ੍ਰਗਟਾਇਆ ਏ । ਕੇਂਦਰੀ ਗ੍ਰਿਹ ਮੰਤਰਾਲੇ ਤਹਿਤ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਤਾਪਮਾਨ ਵਧਣ ਦੇ ਮੱਦੇਨਜ਼ਰ ਲੂ ਤੋਂ ਬਚਣ ਵਾਸਤੇ ਸਾਵਧਾਨੀ ਵਰਤਣ ਲਈ ਆਖਿਆ ਏ ।

---------------------------------------------------------

ਰੋਪੜ ਜ਼ਿਲੇ ਦੇ ਤੇਗਬੀਰ ਸਿੰਘ ਨੇ 5 ਸਾਲ ਦੀ ਛੋਟੀ ਉਮਰ ਵਿੱਚ ਮਾਊਂਟ ਐਵਰੈਸਟ ਬੇਸ ਕੈਂਪ ਨੂੰ ਸਰ ਕਰ ਲਿਆ ਏ ।  ਇਹ ਰੋਪੜ

ਜ਼ਿਲੇ ਤੇ ਪੰਜਾਬ ਲਈ ਮਾਣ ਵਾਲੀ ਗੱਲ ਏ । ਉਸਨੇ 9 ਅਪ੍ਰੈਲ ਨੂੰ ਐਵਰੈਸਟ ਬੇਸ ਕੈਂਪ ਤੱਕ ਦਾ ਟ੍ਰੈਕ ਸ਼ੁਰੂ ਕੀਤਾ ਅਤੇ ਇਸ ਸਾਲ 17 ਅਪ੍ਰੈਲ ਨੂੰ ਇਸ ਤੱਕ ਪਹੁੰਚਣ ਲਈ ਪੂਰਾ ਪੈਂਡਾ ਪੈਦਲ ਚੱਲਿਆ। ਐਵਰੈਸਟ ਬੇਸ ਕੈਂਪ 5 ਹਜ਼ਾਰ 364 ਮੀਟਰ ਦੀ ਉਚਾਈ 'ਤੇ ਸਥਿਤ ਏ । ਇਹ ਘੱਟ ਆਕਸੀਜਨ ਟ੍ਰੈਕ ਏ ਅਤੇ ਇੱਥੇ ਉਚਾਈ ਨਾਲ ਜੁੜੀਆਂ ਬਿਮਾਰੀਆ ਨਾਲ ਨਾਲ ਨਜਿੱਠਣ ਲਈ ਤਿਆਰੀ ਦੀ ਲੋੜ ਹੁੰਦੀ ਏ । ਤੇਗਬੀਰ ਨੇ ਇਸ ਦੀ ਤਿਆਰੀ ਲਗਭਗ ਡੇਢ ਸਾਲ ਪਹਿਲਾਂ ਸੇਵਾਮੁਕਤ ਕੋਚ ਬਿਕਰਮਜੀਤ ਸਿੰਘ ਘੁੰਮਣ ਕੋਲੋਂ ਸ਼ੁਰੂ ਕੀਤੀ ਸੀ। ਜ਼ਿਕਰਯੋਗ ਏ ਕਿ ਤੇਗਬੀਰ ਸਿੰਘ ਇਹ ਉਪਲਬਧੀ ਹਾਸਲ ਕਰਨ ਵਾਲੇ, ਪੰਜਾਬ ਰਾਜ ਦੇ ਸਭ ਤੋਂ ਘੱਟ ਉਮਰ ਦੇ ਪਰਬਤਾਰੋਹੀ ਬਣ ਗਏ ਨੇ ।

---

ਜ਼ਿਲ੍ਹਾ ਭਾਸ਼ਾ ਦਫ਼ਤਰ ਬਰਨਾਲਾ ਅਤੇ ਲੋਕ ਕਵੀ ਸੰਤ ਰਾਮ ਉਦਾਸੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਏਸਰ ਵੱਲੋਂ ਸਾਂਝੇ ਤੌਰ 'ਤੇ ਇਨਕਲਾਬੀ ਲਹਿਰ ਦੇ ਉੱਘੇ ਲੋਕ ਕਵੀ ਸੰਤ ਰਾਮ ਉਦਾਸੀ ਦਾ ਜਨਮ ਦਿਹਾੜਾ, ਉਨ੍ਹਾਂ ਦੇ ਜੱਦੀ ਪਿੰਡ ਰਾਏਸਰ ਵਿਖੇ ਮਨਾਇਆ ਗਿਆ।

ਸਮਾਗਮ 'ਚ ਸੰਤ ਰਾਮ ਉਦਾਸੀ ਦੀ ਬੇਟੀ ਪ੍ਰਿੰਸੀਪਲ ਇਕਬਾਲ ਕੌਰ ਉਦਾਸੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਹਨਾਂ ਆਪਣੇ ਸੰਬੋਧਨ 'ਚ ਆਪਣੇ ਪਿਤਾ ਨਾਲ ਜੁੜੀਆਂ ਯਾਦਾਂ ਨੂੰ ਤਾਜ਼ਾ ਕਰਦੇ ਹੋਏ ਉਨਾਂ ਦੇ ਸੰਘਰਸ਼ ਭਰੇ ਜੀਵਨ ਬਾਰੇ ਵਿਸਥਾਰ ਨਾਲ ਦੱਸਿਆ। ਉਹਨਾਂ ਕਿਹਾ ਕਿ ਉਹਨਾਂ ਦੇ ਪਿਤਾ ਨੇ ਇੱਕ ਸਧਾਰਨ ਪਰਿਵਾਰ ਵਿੱਚੋਂ ਉੱਠ ਕੇ ਆਪਣੀਆਂ ਰਚਨਾਵਾਂ ਨਾਲ ਪਿੰਡ ਰਾਏਸਰ ਦਾ ਨਾਮ ਪੂਰੀ ਦੁਨੀਆਂ ਵਿੱਚ ਰੌਸ਼ਨ ਕੀਤਾ।